# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਆਨ ਲਾਈਨ ਬਾਲ ਕਵੀ ਦਰਬਾਰ ਆਯੋਜਿਤ

ਸਰੀ (ਕੈਨੇਡਾ) 12 ਅਕਤੂਬਰ : ਪੰਜਾਬ ਭਵਨ, ਸਰੀ (ਕੈਨੇਡਾ) ਵਲੋਂ ਚਲਾਏ ਜਾ ਰਹੇ ਪ੍ਰਜੈਕਟ ਨਵੀਆਂ ਕਲਮਾਂ ਨਵੀ ਉਡਾਣ ਅਧੀਨ ਜ਼ਿਲ੍ਹਾ ਮੋਹਾਲੀ ਦੇ ਬਾਲ ਕਵੀਆਂ ਲਈ ਇਕ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਖਰੜ, ਮੋਹਾਲੀ, ਡੇਰਾਬੱਸੀ, ਬਨੂੜ, ਤਿਉੜ, ਸਕਰੂਲਾਂਪੁਰ ਅਤੇ ਕੁਰਾਲੀ ਖੇਤਰਾਂ ਤੋਂ ਚੌਦਾਂ ਬਾਲ ਕਵੀਆਂ ਨੇ ਭਾਗ ਲਿਆ। ਪ੍ਰੋਗਰਾਮ ਦੇ ਸ਼ੁਰੂ ਵਿੱਚ ਪ੍ਰਜੈਕਟ ਦੇ ਜ਼ਿਲ੍ਹਾ ਮੋਹਾਲੀ ਪ੍ਰਧਾਨ ਡਾ. ਸੁਰਿੰਦਰ ਕੁਮਾਰ ਜਿੰਦਲ ਨੇ ਸਭਨਾਂ ਨੂੰ ਜੀ ਆਇਆਂ ਆਖਿਆ। ਬਾਲ ਕਵੀਆਂ, ਜਿਨ੍ਹਾਂ ਵਿੱਚ ਗੁਰਦੀਪ, ਸੁਖਪ੍ਰੀਤ, ਸਿਮਰਨ, ਅਮਨਪ੍ਰੀਤ, ਕਿਰਨ, ਰਜਨੀਤ, ਕੋਮਲਪ੍ਰੀਤ, ਪ੍ਰੀਆ, ਮੀਰਾ, ਜਸਮੀਨ, ਹਰਨੂਰ, ਸਹਿਜੋਤ, ਰਣਸ਼ੇਰ ਸ਼ਾਮਲ ਸਨ, ਨੇ ਵਿਭਿੰਨ ਮੁੱਦਿਆਂ ਉੱਪਰ ਖੁਦ ਲਿਖੀਆਂ ਹੋਈਆਂ ਕਵਿਤਾਵਾਂ ਬਾਖੂਬੀ ਸੁਣਾਈਆਂ। ਜ਼ਿਲ੍ਹਾ ਮੋਹਾਲੀ ਦੀ ਟੀਮ ਵਲੋਂ ਗੁਤਿੰਦਰ ਕੌਰ, ਲਖਵੀਰ ਕੌਰ, ਹਰਪ੍ਰੀਤ ਸਿੰਘ ਧਰਮਗੜ੍ਹ, ਹਰਵਿੰਦਰ ਕੌਰ, ਰਾਜਵਿੰਦਰ ਕੌਰ, ਰਾਜਿੰਦਰ ਕੌਰ ਸ਼ਾਮਲ ਹੋਏ।




ਪ੍ਰਜੈਕਟ ਦੇ ਅੰਤਰਰਾਸ਼ਟਰੀ ਕੋਆਰਡੀਨੇਟਰ ਉਂਕਾਰ ਸਿੰਘ ਤੇਜੇ ਨੇ ਇਸ ਪ੍ਰਜੈਕਟ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸੰਸਾਰ ਦੇ ਚੌਦਾਂ ਮੁਲਕਾਂ ਵਿੱਚ ਸੱਠ ਹਜ਼ਾਰ ਤੋਂ ਜ਼ਿਆਦਾ ਬਾਲ ਲੇਖਕ ਇਸ ਮੁਹਿੰਮ ਨਾਲ ਜੁੜ ਚੁੱਕੇ ਹਨ ਅਤੇ ਮਾਂ ਬੋਲੀ ਪੰਜਾਬੀ ਨੂੰ ਉਤਸ਼ਾਹਿਤ ਕਰਨ ਵਿੱਚ ਆਪਣਾ ਯੋਗਦਾਨ ਦੇ ਰਹੇ ਹਨ। ਇਸ ਪ੍ਰੋਗਰਾਮ ਦੀ ਮੁੱਖ ਮਹਿਮਾਨ ਜਗਦੀਪ ਕੌਰ, ਲੈਕਚਰਰ ਪੰਜਾਬੀ ਨੇ ਬੱਚਿਆਂ ਦੀ ਪੇਸ਼ਕਾਰੀ ਉੱਪਰ ਆਪਣੀ ਦਿਲੀ ਖੁਸ਼ੀ ਇਜ਼ਹਾਰ ਕੀਤੀ ਅਤੇ ਕਿਹਾ ਕਿ ਵਿਦਿਆਰਥੀ-ਜੀਵਨ ਤੋਂ ਹੀ ਜੇਕਰ ਅਸੀਂ ਮਾਂ-ਬੋਲੀ ਪੰਜਾਬੀ ਨਾਲ ਜੁੜਦੇ ਹਾਂ ਤਾਂ ਮਾਂ-ਬੋਲੀ ਦੇ ਲਈ ਇਹ ਬਹੁਤ ਵਧੀਆ ਹੋਵੇਗਾ। ਬੱਚਿਆਂ ਦੁਆਰਾ ਵਿਭਿੰਨ ਮੁੱਦਿਆਂ ਉੱਤੇ ਪੇਸ਼ ਕੀਤੀਆਂ ਰਚਨਾਵਾਂ ਲਈ ਉਹਨਾਂ ਨੇ ਸਭ ਨੂੰ ਵਧਾਈ ਦਿੱਤੀ।

## ਦਸਮੇਸ਼ ਸਕੂਲ ਭਾਣਾ ਵਿਖੇ ਕਰਵਾਏ ਗਏ ਅੰਤਰ ਹਾਊਸ ਮੁਕਾਬਲੇ

ਟਿੰਕੂ ਕੁਮਾਰ




ਕੋਟਕਪੂਰਾ, 12 ਅਕਤੂਬਰ : ਦਸ਼ਮੇਸ਼ ਮਾਡਰਨ ਸੀਨੀ. ਸੈਕੰ. ਸਕੂਲ ਭਾਣਾ ਵਿਖੇ 'ਬਿਨਾਂ ਅੱਗ ਤੋਂ ਪਕਵਾਨ' ਬਣਾਉਣ ਦੇ ਅੰਤਰ ਹਾਊਸ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਜਿਸ ਤਹਿਤ ਕਲਾਮ ਹਾਊਸ, ਮਹਾਰਾਜਾ ਰਣਜੀਤ ਸਿੰਘ ਹਾਊਸ, ਭਾਈ ਘਨੱਈਆ ਜੀ ਹਾਊਸ, ਭਗਤ ਪੂਰਨ ਸਿੰਘ ਹਾਊਸ ਅਤੇ ਮਦਰ ਟੈਰੇਸਾ ਹਾਊਸ ਦੇ ਵਿਦਿਆਰਥੀਆਂ ਨੇ ਹਾਊਸ ਇੰਚਾਰਜ ਅਧਿਆਪਕਾਂ ਦੀ ਯੋਗ ਅਗਵਾਈ ਹੇਠ ਪ੍ਰਤੀਯੋਗੀਆਂ ਨੇ ਬਿਨਾਂ ਅੱਗ ਤੋਂ ਸਵਾਦਿਸ਼ਟ ਅਤੇ ਪੌਸ਼ਟਿਕ ਪਕਵਾਨ ਤਿਆਰ ਕਰਦਿਆਂ, ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਪ੍ਰਭਜੋਤ ਕੌਰ ਤੇ ਅਮਨਦੀਪ ਕੌਰ, ਟੀਮ ਕਲਾਮ ਹਾਊਸ ਨੇ ਪਹਿਲਾ, ਨਵਜੋਤ ਕੌਰ ਤੇ ਅਮਨਦੀਪ ਕੌਰ, ਟੀਮ ਮਹਾਰਾਜਾ ਰਣਜੀਤ ਸਿੰਘ ਨੇ ਦੂਜਾ ਅਤੇ ਅਲੀਜਾ ਬਜਾਜ ਤੇ ਹਰਸਿਮਰਤ ਕੌਰ, ਟੀਮ ਭਾਈ ਘਨੱਈਆ ਜੀ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਕਰਨਵੀਰ ਸਿੰਘ ਧਾਲੀਵਾਲ ਨੇ ਜੇਤੂ ਟੀਮਾਂ, ਜੇਤੂ ਹਾਊਸ ਇੰਚਾਰਜ ਸ਼ਿਵਪ੍ਰਤਾਪ ਸਿੰਘ, ਸ਼ਮਸ਼ੇਰ ਸਿੰਘ, ਰਮਨਦੀਪ ਕੌਰ ਅਤੇ ਪ੍ਰਿੰਸੀਪਲ ਡਾ. ਵੀਰਪਾਲ ਕੌਰ ਸੇਖੋ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਨੌਜਵਾਨ ਪੀੜੀ ਵਿੱਚ ਕਾਰਜ ਕੁਸ਼ਲਤਾਵਾਂ ਪੈਦਾ ਕਰਨ ਦੇ ਨਾਲ-ਨਾਲ ਆਤਮ- ਵਿਸ਼ਵਾਸ ਨੂੰ ਵੀ ਵਿਕਸਿਤ ਕਰਦੇ ਹਨ। ਜਜਮੈਂਟ ਦੀ ਭੂਮਿਕਾ ਲੈਕਚਰਾਰ ਅਮਿਤ ਚਾਵਲਾ, ਹਰਕੀਰਤ ਸਿੰਘ ਅਤੇ ਸਤਵੰਤ ਕੌਰ ਨੇ ਬਾਖੂਬੀ ਨਿਭਾਈ।

## ਆਰਮੀ ਰਿਕਰੂਟਿੰਗ ਦਫ਼ਤਰ ਵੱਲੋਂ ਗੁਰੂ ਨਾਨਕ ਸਟੇਡੀਅਮ 'ਚ ਭਰਤੀ ਰੈਲੀ ਦੀ ਸਫਲ

### 5200 ਉਮੀਦਵਾਰਾਂ ਨੇ ਇਸ ਰੈਲੀ 'ਚ ਲਿਆ ਹਿੱਸਾ

### ਭਰਤੀ ਪ੍ਰਕਿਰਿਆ ਦੌਰਾਨ ਉਮੀਦਵਾਰਾਂ ਵੱਲੋਂ ਦਿਖਾਇਆ ਗਿਆ ਉਤਸ਼ਾਹ, ਅਨੁਸ਼ਾਸਨ ਤੇ ਦ੍ਰਿੜ੍ਹ ਇਰਾਦਾ ਸ਼ਲਾਘਾਯੋਗ



ਲੁਧਿਆਣਾ, 12 ਅਕਤੂਬਰ : ਹੈੱਡਕੁਆਰਟਰ ਰਿਕਰੂਟਿੰਗ ਜ਼ੋਨ (ਪੰਜਾਬ ਅਤੇ ਜੰਮੂ-ਕਸ਼ਮੀਰ) ਦੀ ਅਗਵਾਈ ਹੇਠ ਆਰਮੀ ਰਿਕਰੂਟਿੰਗ ਦਫ਼ਤਰ (ਏ ਆਰ ਓ), ਲੁਧਿਆਣਾ ਵੱਲੋਂ ਕਰਵਾਈ ਗਈ ਭਰਤੀ ਰੈਲੀ 10 ਅਕਤੂਬਰ 2026 ਨੂੰ ਸਫਲਤਾਪੂਰਵਕ ਸਮਾਪਤ ਹੋਈ।

ਭਾਰਤੀ ਫੌਜ ਵਿੱਚ ਸ਼ਾਮਲ ਹੋਣ ਅਤੇ ਦੇਸ਼ ਦੀ ਸੇਵਾ ਕਰਨ ਦੇ ਉਦੇਸ਼ ਨਾਲ ਲੁਧਿਆਣਾ, ਮੋਗਾ, ਰੂਪਨਗਰ ਅਤੇ ਐਸ.ਏ.ਐਸ. ਨਗਰ (ਮੋਹਾਲੀ) ਦੇ ਲਗਭਗ 5200 ਉਤਸ਼ਾਹੀ ਉਮੀਦਵਾਰਾਂ ਦੇ ਨਾਲ-ਨਾਲ ਪੂਰੇ ਪੰਜਾਬ ਰਾਜ ਅਤੇ ਜੰਮੂ ਡਿਵੀਜ਼ਨ ਦੇ ਚੋਣਵੇਂ ਵਰਗਾਂ ਦੇ ਉਮੀਦਵਾਰਾਂ ਨੇ ਇਸ ਰੈਲੀ ਵਿੱਚ ਭਾਗ ਲਿਆ।

ਭਰਤੀ ਪ੍ਰਕਿਰਿਆ ਨਿਰਧਾਰਤ ਨਿਯਮਾਂ, ਪ੍ਰਕਿਰਿਆਵਾਂ ਅਤੇ ਮਾਪਦੰਡਾਂ ਅਨੁਸਾਰ ਨੇਪਰੇ ਚਾੜ੍ਹੀ ਗਈ। ਉਮੀਦਵਾਰਾਂ ਨੇ ਭਰਤੀ ਪ੍ਰਕਿਰਿਆ ਦੇ ਵੱਖ-ਵੱਖ ਪੜਾਵਾਂ ਵਿੱਚੋਂ ਲੰਘਦਿਆਂ ਸਰੀਰਕ ਤੰਦਰੁਸਤੀ ਦੀ ਜਾਂਚ ਅਤੇ ਹੋਰ ਲਾਜ਼ਮੀ ਮੁਲਾਂਕਣ ਪੂਰੇ ਕੀਤੇ; ਇਸ ਦੌਰਾਨ ਪੂਰੀ ਪ੍ਰਕਿਰਿਆ ਵਿੱਚ ਨਿਰਪੱਖਤਾ, ਪਾਰਦਰਸ਼ਤਾ ਅਤੇ ਪੇਸ਼ੇਵਰਤਾ ਦੇ ਉੱਚਤਮ ਮਿਆਰਾਂ ਨੂੰ ਕਾਇਮ ਰੱਖਿਆ ਗਿਆ।



ਭਰਤੀ ਪ੍ਰਕਿਰਿਆ ਦੌਰਾਨ ਉਮੀਦਵਾਰਾਂ ਵੱਲੋਂ ਦਿਖਾਇਆ ਗਿਆ ਉਤਸ਼ਾਹ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦਾ ਸ਼ਲਾਘਾਯੋਗ ਸੀ। ਅਗਲੇ ਪੜਾਵਾਂ ਲਈ ਯੋਗ ਪਾਏ ਜਾਣ ਵਾਲੇ ਉਮੀਦਵਾਰਾਂ ਨੂੰ ਨਿਰਧਾਰਤ ਅਧਿਕਾਰਤ ਸਾਧਨਾਂ ਰਾਹੀਂ ਸੂਚਿਤ ਕੀਤਾ ਜਾਵੇਗਾ।

ਭਾਰਤੀ ਫੌਜ ਵੱਲੋਂ ਉਤਸ਼ਾਹੀ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਕਰਨ, ਅਨੁਸ਼ਾਸਨ ਅਪਣਾਉਣ ਅਤੇ ਹਥਿਆਰਬੰਦ ਬਲਾਂ ਵਿੱਚ ਇੱਕ ਮਾਣਮੱਤਾ ਤੇ ਸੰਤੁਸ਼ਟੀਜਨਕ ਕਰੀਅਰ ਬਣਾਉਣ ਦਾ ਮੌਕਾ ਪ੍ਰਦਾਨ ਕਰਨਾ ਜਾਰੀ ਰੱਖਿਆ ਜਾਵੇਗਾ। ਭਰਤੀ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਪੱਸ਼ਟੀਕਰਨ ਲਈ, ਉਮੀਦਵਾਰ ਲੁਧਿਆਣਾ, ਫਿਰੋਜ਼ਪੁਰ, ਪਟਿਆਲਾ, ਅੰਮ੍ਰਿਤਸਰ ਅਤੇ ਜੰਮੂ ਵਿਖੇ ਸਥਿਤ ਏ ਆਰ ਓ ਦਫ਼ਤਰਾਂ ਨਾਲ ਸੰਪਰਕ ਕਰ ਸਕਦੇ ਹਨ।

## ਲੁਧਿਆਣਾ ਪੂਰਬੀ ਦੀ ਵੋਟਰ ਸੂਚੀ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਫੋਟੋ ਸਬੰਧੀ ਦਾਅਵਾ ਗੁੰਮਰਾਹਕੁੰਨ

ਲੁਧਿਆਣਾ, 12 ਅਕਤੂਬਰ : ਲੁਧਿਆਣਾ ਪੂਰਬੀ (ਵਿਧਾਨ ਸਭਾ ਹਲਕਾ ਨੰਬਰ 60) ਦੀ ਵੋਟਰ ਸੂਚੀ ਵਿੱਚ ਭਾਗ ਨੰਬਰ 38 ਦੇ ਵੋਟਰ ਲੜੀ ਨੰਬਰ 422 ਦੇ ਸਾਹਮਣੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਫੋਟੋ ਦਿਖਾਈ ਦੇਣ ਸਬੰਧੀ ਕੀਤਾ ਜਾ ਰਿਹਾ ਦਾਅਵਾ ਗੁੰਮਰਾਹਕੁੰਨ ਹੈ।

ਇਸ ਸਬੰਧੀ ਸਪੱਸ਼ਟ ਕੀਤਾ ਗਿਆ ਹੈ ਕਿ ਸਬੰਧਤ ਗਲਤ ਫੋਟੋ ਪੁਰਾਣੀ ਵੋਟਰ ਸੂਚੀ ਵਿੱਚ ਮੌਜੂਦ ਸੀ, ਜਿਸ ਨੂੰ 13 ਅਗਸਤ 2026 ਨੂੰ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਵਿੱਚ ਵੀ ਸ਼ਾਮਲ ਕੀਤਾ ਗਿਆ ਸੀ।

ਵਿਸ਼ੇਸ਼ ਤੀਬਰ ਸੁਧਾਈ (ਐਸ.ਆਈ.ਆਰ) ਦੀ ਤਸਦੀਕ ਪ੍ਰਕਿਰਿਆ ਦੌਰਾਨ ਇਹ ਗਲਤੀ ਸਾਹਮਣੇ ਆਈ ਸੀ ਅਤੇ ਇਸ ਨੂੰ ਪਹਿਲਾਂ ਹੀ ਠੀਕ ਕਰ ਦਿੱਤਾ ਗਿਆ ਹੈ।

ਸਬੰਧਤ ਅਧਿਕਾਰੀਆਂ ਅਨੁਸਾਰ, ਸਹੀ ਫੋਟੋ ਵਾਲੀ ਅੰਤਿਮ ਵੋਟਰ ਸੂਚੀ ਤਿਆਰ ਕੀਤੀ ਜਾ ਚੁੱਕੀ ਹੈ ਅਤੇ ਇਸ ਨੂੰ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ।

## ਅੱਸੂ ਦੇ ਪਹਿਲੇ ਨਰਾਤੇ ਮੌਕੇ ਮਨੀਸ਼ ਸਿਸੋਦੀਆ ਨੇ ਸਿਹਤ ਮੰਤਰੀ, ਵਿਧਾਇਕ ਕੋਹਲੀ ਤੇ ਮੇਅਰ ਨਾਲ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਮੱਥਾ ਟੇਕਿਆ

### ਸਿਸੋਦੀਆ, ਡਾ. ਬਲਬੀਰ ਸਿੰਘ, ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਨੇ ਹਵਨ-ਪੂਜਾ ਕਰਕੇ ਮਾਤਾ ਦਾ ਨਵਾਂ ਝੰਡਾ ਲਹਿਰਾਇਆ

### ਕੰਨਿਆ ਪੂਜਨ ਉਪਰੰਤ ਨਵੇਂ ਲੰਗਰ ਹਾਲ ਵਿੱਚ ਲੰਗਰ ਵਰਤਾਉਣ ਦੀ ਸੇਵਾ ਨਿਭਾਈ

### ਮਾਂ ਕਾਲੀ ਵੱਲੋਂ ਆਪ ਸਰਕਾਰ ਨੂੰ ਪਵਿੱਤਰ ਮੰਦਰ ਦੇ ਨਵੀਨੀਕਰਨ ਦੀ ਸੇਵਾ ਦਾ ਮੌਕਾ ਦੇਣਾ ਸਾਡੀ ਖੁਸ਼ਕਿਸਮਤੀ : ਮਨੀਸ਼ ਸਿਸੋਦੀਆ



ਪਟਿਆਲਾ, 12 ਅਕਤੂਬਰ : ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮਨੀਸ਼ ਸਿਸੋਦੀਆ ਨੇ ਅੱਸੂ ਦੇ ਪਹਿਲੇ ਨਰਾਤੇ ਮੌਕੇ ਪਟਿਆਲਾ ਸਥਿਤ ਪ੍ਰਸਿੱਧ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਮੱਥਾ ਟੇਕ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਮੇਅਰ ਕੁੰਦਨ ਗੋਗੀਆ, ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ ਅਤੇ ਮੰਦਰ ਦੀ ਸਲਾਹਕਾਰ ਕਮੇਟੀ ਦੇ ਮੈਂਬਰ ਵੀ ਮੌਜੂਦ ਸਨ।

ਇਸ ਮੌਕੇ ਸ੍ਰੀ ਮਨੀਸ਼ ਸਿਸੋਦੀਆ ਨੇ ਆਪ ਆਗੂਆਂ ਨਾਲ ਹਵਨ-ਪੂਜਾ ਕੀਤੀ ਅਤੇ ਮਾਤਾ ਰਾਣੀ ਅੱਗੇ ਅਰਦਾਸ ਕੀਤੀ। ਉਨ੍ਹਾਂ ਸਮੂਹ ਸ਼ਰਧਾਲੂਆਂ ਨੂੰ ਨਰਾਤਿਆਂ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਦੇਸ਼ ਵਾਸੀਆਂ ਦੀ ਸੁੱਖ-ਸਮ੍ਰਿੱਧੀ, ਸ਼ਾਂਤੀ ਅਤੇ ਤਰੱਕੀ ਦੀ ਕਾਮਨਾ ਕੀਤੀ। ਇਸ ਦੌਰਾਨ ਉਨ੍ਹਾਂ ਸਿਹਤ ਮੰਤਰੀ ਅਤੇ ਆਪ ਆਗੂਆਂ ਨਾਲ ਮੰਦਰ ਵਿੱਚ ਸਥਾਪਤ ਕੀਤੇ ਗਏ ਮਾਤਾ ਰਾਣੀ ਦੇ ਨਵੇਂ ਧਵੱਜ ਨੂੰ ਲਹਿਰਾਇਆ। ਇਸ ਉਪਰੰਤ ਨਵੇਂ ਬਣੇ ਲੰਗਰ ਹਾਲ ਵਿੱਚ ਕੰਨਿਆ ਪੂਜਨ ਕੀਤਾ ਅਤੇ ਲੰਗਰ ਵਰਤਾਉਣ ਦੀ ਸੇਵਾ ਨਿਭਾਈ।

ਸ੍ਰੀ ਮਨੀਸ਼ ਸਿਸੋਦੀਆ ਨੇ ਭਗਵੰਤ ਸਿੰਘ ਮਾਨ ਦੇ ਮੁੜ ਮੁੱਖ ਮੰਤਰੀ ਬਣਨ ਦੀ ਕਾਮਨਾ ਕਰਦਿਆਂ ਅਰਦਾਸ ਕੀਤੀ ਕਿ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਮੁੜ ਸੱਤਾ ਵਿੱਚ ਆਵੇ ਅਤੇ ਪਾਰਟੀ ਆਗੂਆਂ ਦੀ ਮਿਹਨਤ ਸਫਲ ਹੋਵੇ।

ਮੰਦਰ ਵਿੱਚ ਚੱਲ ਰਹੇ ਉਸਾਰੀ ਅਤੇ ਨਵੀਨੀਕਰਨ ਦੇ ਕੰਮਾਂ ਬਾਰੇ ਗੱਲ ਕਰਦਿਆਂ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ, "ਇਹ ਆਮ ਆਦਮੀ ਪਾਰਟੀ ਲਈ ਖੁਸ਼ਕਿਸਮਤੀ ਦੀ ਗੱਲ ਹੈ ਕਿ ਮਾਂ ਕਾਲੀ ਨੇ ਸਾਡੀ ਸਰਕਾਰ ਨੂੰ ਇਸ ਪਵਿੱਤਰ ਮੰਦਰ ਦੇ ਨਵੀਨੀਕਰਨ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ।"

ਉਨ੍ਹਾਂ ਕਿਹਾ ਕਿ ਅਗਲੇ ਕੁਝ ਦਿਨਾਂ ਵਿੱਚ ਮੰਦਰ ਦਾ ਸਰੂਪ ਹੋਰ ਵੀ ਨਿਖਰ ਕੇ ਸਾਹਮਣੇ ਆਵੇਗਾ। ਮੰਦਰ ਨੂੰ ਇੱਕ ਸਿੱਧ ਪੀਠ ਦੱਸਦਿਆਂ ਉਨ੍ਹਾਂ ਕਿਹਾ ਕਿ ਇੱਥੇ ਦੇਸ਼ ਭਰ ਤੋਂ ਸ਼ਰਧਾਲੂ ਮੱਥਾ ਟੇਕਣ ਆਉਂਦੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਲਈ ਹਰ ਸੰਭਵ ਪ੍ਰਬੰਧ ਕੀਤੇ ਜਾਣਗੇ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਮਨੀਸ਼ ਸਿਸੋਦੀਆ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਮਾਤਾ ਰਾਣੀ ਕੇਂਦਰ ਸਰਕਾਰ ਨੂੰ ਸਦਬੁੱਧੀ ਬਖ਼ਸ਼ਣ। ਉਨ੍ਹਾਂ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹੁਣ ਸਿਰਫ਼ ਸਰਕਾਰ ਵਿੱਚ ਹਨ, ਲੋਕਾਂ ਦੇ ਦਿਲਾਂ ਵਿੱਚ ਨਹੀਂ। ਸੀਬੀਆਈ, ਚੋਣ ਕਮਿਸ਼ਨ ਅਤੇ ਈਡੀ ਬਾਰੇ ਟਿੱਪਣੀ ਕਰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਸੰਸਥਾਵਾਂ ਨੂੰ ਚੋਣਾਂ ਜਿੱਤਣ ਦੇ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ ਅਤੇ ਇਨ੍ਹਾਂ ਦੀ ਵਰਤੋਂ ਸਿਆਸੀ ਲਾਹੇ ਲਈ ਕੀਤੀ ਜਾ ਰਹੀ ਹੈ।

ਇਸ ਮੌਕੇ ਮੰਦਰ ਕਮੇਟੀ ਦੇ ਮੈਂਬਰ ਸੀਏ ਅਜੈ ਅਲੀਪੁਰੀਆ ਨੇ ਦੱਸਿਆ ਕਿ ਭਾਰੀ ਮੀਂਹ ਦੇ ਬਾਵਜੂਦ ਸ਼ਰਧਾਲੂਆਂ ਨੇ ਮੰਦਰ ਦੇ ਸਰੋਵਰ ਦੇ ਆਲੇ-ਦੁਆਲੇ ਬਣੇ ਨਵੇਂ ਗਲਿਆਰੇ ਵਿੱਚ ਬੈਠ ਕੇ ਨਵ-ਨਿਰਮਿਤ ਇਮਾਰਤ ਦਾ ਆਨੰਦ ਮਾਣਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਤੇਜ਼ੀ ਨਾਲ ਕਰਵਾਏ ਜਾ ਰਹੇ ਨਵੀਨੀਕਰਨ ਦੇ ਕੰਮਾਂ ਦੀ ਸ਼ਰਧਾਲੂਆਂ ਨੇ ਸ਼ਲਾਘਾ ਕੀਤੀ।

ਇਸ ਮੌਕੇ ਮੰਦਰ ਦੀ ਸਲਾਹਕਾਰ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਮਹੇਸ਼ ਮਿੱਤਲ, ਸੀਏ ਅਜੈ ਅਲੀਪੁਰੀਆ, ਡਾ. ਰਾਜ ਕੁਮਾਰ ਗੁਪਤਾ, ਸੰਜੇ ਸਿੰਗਲਾ, ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਨਵਲਦੀਪ ਸਿੰਘ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ। ਇਸ ਪਹਿਲੇ ਨਰਾਤੇ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕਰਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

## ਧਰਤੀ ਨਾਦ

ਧਰਤੀ ਨਾਦ ਵਜਾਵੇ।
ਧੜਕਣ ਰੋਕ ਸੁਣੀਂ ਮਨ ਮੇਰੇ,
ਇਹ ਪਲ ਰੋਜ਼ ਨਾ ਆਵੇ।

ਸਾਹਾਂ ਵਿਚ ਕਸਤੂਰੀ ਭਰ ਲੈ।
ਦੋ ਸਾਹਾਂ ਨੂੰ ਇਕ ਸਾਹ ਕਰ ਲੈ।
ਬਿਨ ਖੰਭਾਂ ਤੋਂ ਸਾਗਰ ਤਰ ਲੈ।
ਸਦੀਆਂ ਮਗਰੋਂ, ਵੱਡੇ ਭਾਗੀਂ,
ਇਹੋ ਜਿਹਾ ਪਲ ਆਵੇ।
ਧਰਤੀ ਨਾਦ ਵਜਾਵੇ।

ਜਲ ਤੇ ਅੰਬਰ ਦੇ ਵਿਚਕਾਰੇ।
ਰਾਤ ਹਨ੍ਹੇਰੀ ਡਲ੍ਹਕਣ ਤਾਰੇ।
ਮੂਧੇ ਹੋਏ ਵੇਖ ਵਿਚਾਰੇ।
ਇਕੋ ਝਾਕ ਨਿਰੰਤਰ
ਕਿ ਉਹ ਪਲ ਵਿਸਮਾਦੀ ਆਵੇ।
ਧਰਤੀ ਨਾਦ ਵਜਾਵੇ।

ਸਰਦ ਸਿਆਲਾਂ ਜੋ ਸੀ ਲੁੱਟੇ।
ਰੁੰਡੇ ਰੁੱਖੀਂ ਪੱਤਰ ਫੁੱਟੇ।
ਪ੍ਰਕਿਰਤੀ ਦੀ ਨੀਂਦਰ ਟੁੱਟੇ।
ਰੁੱਤ ਬਸੰਤੀ ਵਣ ਹਰਿਆਉਲੇ,



ਪਹਿਨੇ ਵਸਤਰ ਸਾਵੇ।
ਧਰਤੀ ਨਾਦ ਵਜਾਵੇ।

ਕਣ ਕਣ ਜੀਕੂੰ ਭਰੇ ਉਡਾਰੀ।
ਨਿੱਕੜੇ ਬਾਲਾਂ ਦੀ ਕਿਲਕਾਰੀ।
ਰੂਹ ਵਿਚ ਰਮ ਗਈ ਖ਼ੁਸ਼ਬੂ ਸਾਰੀ।
ਮੇਰੇ ਸਾਹੀਂ ਚੰਬਾ ਖਿੜਿਆ,
ਖ਼ੁਸ਼ਬੂ ਭਰੇ ਕਲਾਵੇ।

ਧਰਤੀ ਨਾਦ ਵਜਾਵੇ।
ਧੜਕਣ ਰੋਕ ਸੁਣੀ ਮਨ ਮੇਰੇ,
ਇਹ ਪਲ ਰੋਜ਼ ਨਾ ਆਵੇ।

ਗੁਰਭਜਨ ਗਿੱਲ